ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

# ਸ਼ਾਮ 6:30 ਤੋਂ ਰਾਤ 9:30 ਵਜੇ ਤੱਕ ਹੀ ਦੀਵਾਲੀ ਮੌਕੇ ਪਟਾਕੇ ਚਲਾਉਣ ਦੀ ਆਗਿਆ : ਡਿਪਟੀ ਕਮਿਸ਼ਨਰ

## ਆਰਜੀ ਲਾਈਸੈਂਸ ਲੈਣ ਲਈ 16 ਅਕਤੂਬਰ ਤੱਕ ਦਿੱਤੀਆਂ ਜਾ ਸਕਦੀਆਂ ਨੇ ਅਰਜੀਆਂ

## ਪ੍ਰਾਪਤ ਅਰਜੀਆਂ ਵਿਚੋਂ ਡਰਾਅ ਰਾਹੀਂ ਚੁਣੇ ਲੋਕਾਂ ਨੂੰ ਹੀ ਮਿਲਣਗੇ ਲਾਈਸੈਂਸ

## ਨਿਰਧਾਰਤ ਥਾਂਵਾਂ ਤੇ ਕੀਤੀ ਜਾਵੇਗੀ ਵਿਕਰੀ

## ਉਲੰਘਣਾ ਕਰਨ ’ਤੇ ਹੋਵੇਗੀ ਸਖ਼ਤ ਕਾਰਵਾਈ

ਫਾਜ਼ਿਲਕਾ, **14 ਅਕਤੂਬਰ**

ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪਟਾਕਿਆਂ ਦੀ ਵਿਕਰੀ ਅਤੇ ਚਲਾਉਣ ਲਈ ਸਮਾਂ ਨਿਰਧਾਰਨ ਕਰਨ ਸਬੰਧੀ ਦਿੱਤੇ ਹੁਕਮਾਂ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਪਟਾਕਿਆਂ ਦੀ ਵਿਕਰੀ ਲਈ ਆਰਜੀ ਲਾਈਸੈਂਸ ਜਾਰੀ ਕਰਨ ਲਈ ਅਰਜੀਆਂ ਦੀ ਮੰਗ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਟਾਕਿਆਂ ਦੀ ਵਿਕਰੀ ਲਈ ਜ਼ਿਲ੍ਹੇ ਨਾਲ ਸਬੰਧਤ ਚਾਹਵਾਨ ਲਾਇਸੈਂਸ ਲੈਣ ਲਈ 16 ਅਕਤੂਬਰ 2017 ਨੂੰ ਦੁਪਹਿਰ 2 ਵਜੇ ਤੱਕ ਦਫ਼ਤਰ ਡਿਪਟੀ ਕਮਿਸ਼ਨਰ ਫਾਜ਼ਿਲਕਾ ਦੀ ਫੁਟਕਲ ਸ਼ਾਖਾ ਵਿਚ ਆਪਣੀਆਂ ਅਰਜੀਆਂ ਦੇ ਸਕਦੇ ਹਨ। ਪ੍ਰਾਪਤ ਅਰਜੀਆਂ ਵਿਚੋਂ ਅਦਾਲਤ ਦੇ ਹੁਕਮਾਂ ਅਨੁਸਾਰ ਡਰਾਅ ਰਾਹੀਂ ਨਿਰਧਾਰਤ ਗਿਣਤੀ ਵਿਚ ਹੀ ਲਾਈਸੈਂਸ ਜਾਰੀ ਕੀਤੇ ਜਾਣਗੇ । ਮਾਣਯੋਗ ਅਦਾਲਤ ਵੱਲੋਂ ਇਸ ਵਾਰ ਦੀਵਾਲੀ ਵਾਲੇ ਦਿਨ ਕੇਵਲ ਸ਼ਾਮ 6:30 ਵਜੇ ਤੋਂ 9:30 ਵਜੇ ਤੱਕ ਹੀ ਪਟਾਖੇ ਚਲਾਉਣ ਦੀ ਆਗਿਆ ਦਿੱਤੀ ਗਈ ਹੈ ਅਤੇ ਉਪਰੋਕਤ ਸਮੇਂ ਤੋਂ ਇਲਾਵਾ ਜੇਕਰ ਕੋਈ ਪਟਾਕੇ ਚਲਾਏਗਾ ਤਾਂ ਉਸ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਟਾਕਿਆਂ ਦੀ ਵਿਕਰੀ 17 ਅਕਤੂਬਰ ਤੋਂ 19 ਅਕਤੂਬਰ ਤੱਕ ਸਿਰਫ ਨਿਰਧਾਰਤ ਕੀਤੀਆਂ ਗਈਆਂ ਥਾਂਵਾਂ ਤੇ ਹੀ ਕੀਤੀ ਜਾ ਸਕੇਗੀ। ਉਨ੍ਹਾਂ ਨੇ ਕਿਹਾ ਕਿ ਬਿਨਾਂ ਲਾਇਸੈਂਸ ਦੇ ਕੋਈ ਵੀ ਪਟਾਕਿਆਂ ਦੀ ਸਟਾਲ ਨਹੀਂ ਲਗਾਏਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਾਣਯੋਗ ਹਾਈਕੋਰਟ ਦੇ ਹੁਕਮਾਂ ਦੀ ਇੰਨਬਿੰਨ ਪਾਲਣਾ ਕੀਤੀ ਜਾਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਪ੍ਰਦੂਸ਼ਨ ਰਹਿਤ ਦੀਵਾਲੀ ਮਨਾਈ ਜਾਵੇ।